Vigilance Bureau Punjab

**VIGILANCE NABS SEWA KENDRA EMPLOYEE FOR TAKING BRIBE**

Chandigarh, March 27: State Vigilance Bureau today nabbed a Help Desk Operator of Sewa Kendra red handed while accepting bribe of Rs 4,000 and also booked his accomplish in this case.

Disclosing this here today an official spokesperson of the Vigilance Bureau said Help Desk operator Komalpreet Singh posted at Sewa Kendra in village Mahilpur in Hoshiarpur district was nabbed red handed on the complaint of Jaswinder Singh of village Halluwal, district Hoshiarpur. The Complainant has approached the VB and alleged that the accused help desk operator and his agent Jaswinder Singh has demanded Rs. 4000 for issuing a death certificate of his father.

After verifying his information, the Vigilance team laid a trap and the accused Computer operator was arrested on the spot taking bribe of Rs. 4,000 from the complainant in the presence of two official witnesses. He informed that a case under Prevention of Corruption Act has been registered against both the accused at VB police station Jalandhar and further investigation was under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਵਲੋ ਸੇਵਾ ਕੇਂਦਰ ਦਾ ਕਰਮਚਾਰੀ 4000 ਰੁਪਏ ਦੀ ਰਿਸ਼ਵਤ ਲੈਂਦਾ ਕਾਬੂ**

ਚੰਡੀਗੜ੍ਹ, 27 ਮਾਰਚ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸੇਵਾ ਕੇਂਦਰ ਮਾਹਿਲਪੁਰ ਜਿਲਾ ਹੁਸ਼ਿਆਰਪੁਰ ਵਿਖੇ ਤਾਇਨਾਤ ਹੈਲਪ ਡੈਸਕ ਓਪਰੇਟਰ ਕੋਮਲਪ੍ਰੀਤ ਨੂੰ 4,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਅਤੇ ਉਸ ਦੇ ਏਜੰਟ ਵਿਰੁੱਧ ਵੀ ਕੇਸ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਓਪਰੇਟਰ ਨੂੰ ਸ਼ਿਕਾਇਤਕਰਤਾ ਜਸਵਿੰਦਰ ਸਿੰਘ ਵਾਸੀ ਪਿੰਡ ਹਲੂਵਾਲ ਜ਼ਿਲ੍ਹਾ ਹੁਸ਼ਿਆਰਪੁਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਪਿਤਾ ਦਾ ਮੌਤ ਸਰਟੀਫਿਕੇਟ ਬਣਾਉਣ ਦੇ ਇਵਜ ਵਿਚ ਉਕਤ ਓਪਰੇਟਰ ਅਤੇ ਉਸ ਦੇ ਏਜੰਟ ਜਸਵਿੰਦਰ ਸਿੰਘ ਵਲੋਂ 4000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਓਪਰੇਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------